ਝੋਨੇ ਦੀ ਪਰਾਲੀ ਅਤੇ ਰਹਿੰਦ ਖੂੰਹਦ ਨੂੰ ਅੱਗ ਨਾ ਲਗਾਉਣ ਸਬੰਧੀ ਵੱਖ-ਵੱਖ ਵਿਭਾਗਾਂ ਦੀ ਮੀਟਿੰਗ

ਡਿਪਟੀ ਕਮਿਸ਼ਨਰ ਵੱਲੋਂ ਖੇਤੀ ਕਰਨ ਵਾਲੇ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਖੇਤਾਂ ਵਿੱਚ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਉਣ ਦੀ ਹਦਾਇਤ

ਅਜਿਹਾ ਕਰਨ ਵਾਲਿਆਂ ਖ਼ਿਲਾਫ਼ ਹੋਵੇਗੀ ਵਿਭਾਗੀ ਕਾਰਵਾਈ

ਜ਼ਿਲ੍ਹੇ ਵਿੱਚ ਹਰ ਰੋਜ਼ ਅੱਗ ਲੱਗਣ ਦੀਆਂ ਘਟਨਾਵਾਂ ਦੀ ਮੋਨੀਟਰਿੰਗ ਕਰਨ ਲਈ ਕੰਟਰੋਲ ਰੂਮ ਸਥਾਪਿਤ

ਤਰਨਤਾਰਨ, 2 ਅਕਤੂਬਰ :

ਝੋਨੇ ਦੀ ਪਰਾਲੀ ਅਤੇ ਰਹਿੰਦ ਖੂੰਹਦ ਨੂੰ ਅੱਗ ਨਾ ਲਗਾਉਣ ਸਬੰਧੀ ਵੱਖ-ਵੱਖ ਵਿਭਾਗਾਂ ਦੀ ਮੀਟਿੰਗ ਅੱਜ ਡਿਪਟੀ ਕਮਿਸ਼ਨਰ ਤਰਨਤਾਰਨ ਸ੍ਰੀ ਪਰਦੀਪ ਕੁਮਾਰ ਸੱਭਰਵਾਲ ਦੀ ਪ੍ਰਧਾਨਗੀ ਹੇਠ ਹੋਈ। ਜਿਸ ਵਿੱਚ ਖੇਤੀਬਾੜੀ ਵਿਭਾਗ, ਸਿੱਖਿਆ ਵਿਭਾਗ, ਪੰਚਾਇਤੀ ਵਿਭਾਗ, ਨਹਿਰੀ ਵਿਭਾਗ, ਮਾਲ ਵਿਭਾਗ ਅਤੇ ਸਹਿਕਾਰਤਾ ਵਿਭਾਗ ਦੇ ਮੁਖੀਆਂ ਨੇ ਹਿੱਸਾ ਲਿਆ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਵੱਲੋਂ ਸਾਰੇ ਵਿਭਾਗਾਂ ਦੇ ਮੁਖੀਆਂ ਨੂੰ ਸਖ਼ਤ ਹਦਾਇਤ ਕੀਤੀ ਗਈ ਕਿ ਜੇਕਰ ਕਿਸੇ ਵੀ ਵਿਭਾਗ ਦਾ ਕੋਈ ਅਧਿਕਾਰੀ ਜਾਂ ਕਰਮਚਾਰੀ ਖੇਤੀ ਕਰਦਾ ਹੈ ਜਾਂ ਕਰਵਾਉਂਦਾ ਹੈ, ਉਹ ਆਪਣੇ ਖੇਤਾਂ ਵਿੱਚ ਝੋਨ ਦੀ ਪਰਾਲੀ ਨੂੰ ਅੱਗ ਬਿਲਕੁੱਲ ਨਹੀਂ ਲਗਾਏਗਾ, ਜੇਕਰ ਕੋਈ ਅਜਿਹਾ ਕਰਦਾ ਪਾਇਆ ਜਾਂਦਾ ਹੈ ਤਾਂ ਉਸ ਖ਼ਿਲਾਫ਼ ਵਿਭਾਗੀ ਕਾਰਵਾਈ ਕੀਤੀ ਜਾਵੇਗੀ। ਇਸ ਮੌਕੇ ’ਤੇ ਐਸ. ਐਸ. ਪੀ. ਸ੍ਰੀ ਦਰਸ਼ਨ ਸਿੰਘ ਮਾਨ, ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ੍ਰੀ ਸੰਦੀਪ ਰਿਸ਼ੀ, ਐਸ. ਡੀ. ਐਮ. ਤਰਨਤਾਰਨ ਡਾ. ਅਮਨਦੀਪ ਕੌਰ, ਮੁੱਖ ਖਤੀਬਾੜੀ ਅਫ਼ਸਰ ਸ੍ਰ. ਪ੍ਰਤਾਪ ਸਿੰਘ ਸੰਧੂ, ਸਿਵਲ ਸਰਜਨ ਡਾ. ਸ਼ਮਸ਼ੇਰ ਸਿੰਘ ਅਤੇ ਹੋਰ ਅਧਿਕਾਰੀ ਵੀ ਹਾਜ਼ਰ ਸਨ।



ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਸਬੰਧ ਵਿੱਚ ਮੁੱਖ ਖੇਤੀਬਾੜੀ ਅਫ਼ਸਰ ਤਰਨਤਾਰਨ ਦੇ ਦਫ਼ਤਰ ਵਿਖੇ ਇੱਕ ਕੰਟਰੋਲ ਰੂਮ ਵੀ ਸਥਾਪਿਤ ਕੀਤਾ ਗਿਆ ਹੈ, ਜਿੱਥੇ ਹਰ ਰੋਜ਼ ਜ਼ਿਲ੍ਹੇ ਵਿੱਚ ਅੱਗ ਲੱਗਣ ਦੀਆਂ ਘਟਨਾਵਾਂ ਦੀ ਮੋਨੀਟਰਿੰਗ ਕੀਤੀ ਜਾਵੇਗੀ। ਉਹਨਾਂ ਦੱਸਿਆ ਕਿ ਜ਼ਿਲ੍ਹੇ ੁਵਿੱਚ ਕੁੱਲ 24 ਕਮੇਟੀਆਂ ਬਲਾਕ ਵਾਈਜ਼ ਗਠਿਤ ਕੀਤੀਆਂ ਗਈਆਂ ਹਨ। ਹਰ ਕਮੇਟੀ ਵਿੱਚ ਖੇਤੀਬਾੜੀ ਵਿਭਾਗ, ਮਾਲ ਵਿਭਾਗ, ਪੰਚਾਇਤ ਵਿਭਾਗ ਅਤੇ ਪੁਲਿਸ

ਵਿਭਾਗ ਦੇ ਅਧਿਕਾਰੀ ਮੈਂਬਰ ਹੋਣਗੇ। ਇਨਾਂ ਕਮੇਟੀਆਂ ਵੱਲੋਂ ਜੋ ਕਿਸਾਨ ਅੱਗ ਲਗਾਉਣ ਦੇ ਦੋਸ਼ੀ ਪਾਏ ਜਾਣਗ, ਉਨਾਂ ਨੂੰ 2 ਏਕੜ ਤੱਕ 2500 ਰੁਪਏ, 5 ਏਕੜ ਤੱਕ 5000 ਰੁਪਏ ਅਤੇ 5 ਤੋਂ ਵੱਧ ਏਕੜ ਨੂੰ ਅੱਗ ਲਗਾਉਣ ਵਾਲ ਜ਼ਿਮੀਂਦਾਰਾਂ ਨੂੰ 15000 ਰੁਪਏ ਤੱਕ ਜੁਰਮਾਨਾ ਕੀਤਾ ਜਾਵਗਾ। ਇਸ ਤੋਂ ਇਲਾਵਾ ਵਾਤਾਵਰਣ ਪ੍ਰੋਟੈਕਸ਼ਨ ਐਕਟ 1986 ਦੀ ਧਾਰਾ 15 ਅਧੀਨ ਕਾਨੂੰਨੀ ਕਾਰਵਾਈ ਵੀ ਕੀਤੀ ਜਾਵੇਗੀ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਿੱਖਿਆ ਵਿਭਾਗ ਦੇ ਅਧਿਕਾਰੀ ਸਕੂਲਾਂ ਵਿੱਚ ਸਵੇਰ ਦੇ ਭਾਸ਼ਣ ਸਮੇਂ ਝੋਨ ਦੀ ਪਰਾਲੀ ਨੂੰ ਨਾ ਸਾੜ੍ਹਣ ਬਾਰੇ ਬੱਚਿਆਂ ਨੂੰ ਸਮਝਾਉਣ ਤਾਂ ਜੋ ਉਹ ਆਪਣੇ ਘਰਾਂ ਵਿੱਚ ਜਾ ਕੇ ਇਸ ਦੀ ਮਹੱਤਤਾ ਸਮਝਾ ਸਕਣ। ਉਹਨਾਂ ਕਿਹਾ ਮਾਲ ਵਿਭਾਗ ਦੇ ਪਟਵਾਰੀ ਅੱਗ ਲੱਗੇ ਹੋਏ ਖੇਤਾਂ ਦੀ ਨਿਸ਼ਾਨਦੇਹੀ ਕਰਕੇ ਆਪਣੀ ਗਿਰਦਾਵਰੀ ਵਿੱਚ ਲਾਲ ਸਿਆਹੀ ਨਾਲ ਇੰਦਰਾਜ ਕਰਨਗੇ। ਸਹਿਕਾਰਤਾ ਵਿਭਾਗ ਦੇ ਸਾਰੇ ਸੈਕਟਰੀ ਆਪਣੀਆਂ ਸੁਸਾਇਟੀਆਂ ਦੇ ਲਾਭਪਾਤਰੀਆਂ ਨੂੰ ਅੱਗ ਨਾ ਲਗਾਉਣ ਬਾਰੇ ਪ੍ਰੇਰਿਤ ਕਰਨਗੇ। ਉਨਾਂ ਕਿਹਾ ਕਿ ਮੰਡੀ ਬੋਰਡ ਦੇ ਅਧਿਕਾਰੀ ਆਪਣੇ ਆੜਤੀਆਂ ਰਾਹੀਂ ਉਨਾਂ ਦੇ ਗ੍ਰਾਹਕਾਂ ਨੂੰ ਅੱਗ ਲਗਾਉਣ ਨਾਲ ਹੋਣ ਵਾਲੇ ਨੁਕਸਾਨ ਬਾਰੇ ਸਮਝਾਉਣਗ। ਉਨਾਂ ਪੰਚਾਇਤ ਵਿਭਾਗ ਦੇ ਅਧਿਕਾਰੀਆਂ ਨੂੰ ਆਦੇਸ਼ ਜਾਰੀ ਕੀਤੇ ਕਿ ਪੰਚਾਇਤਾਂ ਕੋਲੋਂ ਅੱਗ ਨਾ ਲਗਾਉਣ ਸਬੰਧੀ ਮਤੇ ਪਾਸ ਕਰਵਾਏ ਜਾਣ। ਉਨਾਂ ਕਿਹਾ ਕਿ ਖੇਤੀਬਾੜੀ ਵਿਭਾਗ ਆਪਣੇ ਅਗਾਂਹ ਵਧੂ ਜ਼ਿਮੀਂਦਾਰ ਜਿਨ੍ਹਾਂ ਨੇ ਆਪਣੇ ਖੇਤਾਂ ਵਿੱਚ ਪਰਾਲੀ ਨੂੰ ਬਿਲਕੱਲ ਅੱਗ ਨਹੀਂ ਲਗਾਈ, ਉਨਾਂ ਨੂੰ ਪ੍ਰਸ਼ੰਸਾ ਪੱਤਰ ਦੇਵੇਗਾ। ਇਸ ਤੋਂ ਇਲਾਵਾ ਬਿਜਲੀ ਬੋਰਡ ਰੋਜ਼ਾਨਾ ਜ਼ਿਮੀਂਦਾਰਾ ਨੂੰ 5 ਤੋਂ 6 ਘੰਟੇ ਬਿਜਲੀ ਦੀ ਸਪਲਾਈ ਦੇਵੇਗਾ ਤਾਂ ਜੋ ਖੇਤਾਂ ਨੂੰ ਪਾਣੀ ਲਗਾ ਕੇ ਪਰਾਲੀ ਨੂੰ ਜ਼ਮੀਨ ਦੇ ਵਿੱਚ ਹੀ ਗਲਣ ਦਿੱਤਾ ਜਾਵੇ।

----------------